ਬਸੰਤੁ ਬਾਣੀ ਰਵਿਦਾਸ ਜੀ ਕੀ ੧ੴ ਸਤਿਗੁਰ ਪ੍ਰਸਾਦਿ ॥ ਤੁਝਹਿ ਸੁਝੰਤਾ ਕਛੂ ਨਾਹਿ ॥ ਪਹਿਰਾਵਾ ਦੇਖੇ ਊਭਿ ਜਾਹਿ ॥ ਗਰਬਵਤੀ ਕਾ ਨਾਹੀ ਠਾਉ ॥ ਤੇਰੀ ਗਰਦਨਿ ਊਪਰਿ ਲਵੈ ਕਾਉ ॥੧॥ ਤੂ ਕਾਂਇ ਗਰਬਹਿ ਬਾਵਲੀ ॥ ਜੈਸੇ ਭਾਦਉ ਖੂੰਬਰਾਜੁ ਤੂ ਤਿਸ ਤੇ ਖਰੀ ਉਤਾਵਲੀ ॥੧॥ ਰਹਾਉ ॥ ਜੈਸੇ ਕੁਰੰਕ ਨਹੀ ਪਾਇਓ ਭੇਦੁ ॥ ਤਨਿ ਸੁਗੰਧ ਢੂਢੈ ਪ੍ਰਦੇਸੁ ॥ ਅਪ ਤਨ ਕਾ ਜੋ ਕਰੇ ਬੀਚਾਰੁ ॥ ਤਿਸੁ ਨਹੀ ਜਮਕੰਕਰੁ ਕਰੇ ਖੁਆਰੁ ॥੨॥ ਪੁਤ੍ਰ ਕਲਤ੍ਰ ਕਾ ਕਰਹਿ ਅਹੰਕਾਰੁ ॥ ਠਾਕੁਰੁ ਲੇਖਾ ਮਗਨਹਾਰੁ ॥ ਫੇੜੇ ਕਾ ਦੁਖੁ ਸਹੈ ਜੀਉ ॥ ਪਾਛੇ ਕਿਸਹਿ ਪੁਕਾਰਹਿ ਪੀਉ ਪੀਉ ॥੩॥ ਸਾਧੂ ਕੀ ਜਉ ਲੇਹਿ ਓਟ ॥ ਤੇਰੇ ਮਿਟਹਿ ਪਾਪ ਸਭ ਕੋਟਿ ਕੋਟਿ ॥ ਕਹਿ ਰਵਿਦਾਸ ਜੁੋ ਜਪੈ ਨਾਮੁ ॥ ਤਿਸੁ ਜਾਤਿ ਨ ਜਨਮੁ ਨ ਜੋਨਿ ਕਾਮੁ ॥੪॥੧॥ {ਪੰਨਾ 1196}

ਪਦਅਰਥ:- ਤੁਝਹਿ—ਤੈਨੂੰ। ਪਹਿਰਾਵਾ—(ਸਰੀਰ ਦਾ) ਠਾਠ, ਪੁਸ਼ਾਕ। ਊਭਿ ਜਾਹਿ —ਆਕੜਦੀ ਹੈਂ। ਗਰਬਵਤੀ—ਅਹੰਕਾਰਨ। ਠਾਉ—ਥਾਂ। ਗਰਦਨਿ—ਧੌਣ। ਲਵੈ ਕਾਉ—ਕਾਂ ਲਉਂਦਾ ਹੈ।1।

ਕਾਂਇ—ਕਿਉਂ? ਕਾਹਦੇ ਲਈ? ਗਰਬਹਿ—ਅਹੰਕਾਰ ਕਰਦੀ ਹੈਂ। ਖੂੰਬਰਾਜੁ —ਵੱਡੀ ਖੁੰਬ। ਖਰੀ —ਵਧੀਕ। ਉਤਾਵਲੀ—ਕਾਹਲੀ, ਛੇਤੀ ਜਾਣ ਵਾਲੀ।1। ਰਹਾਉ।

ਕੁਰੰਕ—ਹਰਨ। ਤਨਿ —ਸਰੀਰ ਵਿਚ। ਸੁਗੰਧ —ਕਸਤੂਰੀ। ਅਪ —ਆਪਣਾ। ਜਮ ਕੰਕਰੁ — {Skt.Xm ikzkr—ਜਮ ਕਿੰਕਰ} ਜਮ ਦੂਤ।2।

ਕਲਤ੍ਰ—ਇਸਤ੍ਰੀ। ਫੇੜੇ—ਕੀਤੇ (ਮੰਦੇ) ਕਰਮ। ਪਾਛੇ—(ਜਿੰਦ ਦੇ ਨਿਕਲ ਜਾਣ ) ਪਿਛੋਂ। ਪੀਉ—ਪਿਆਰਾ। ਪੁਕਾਰਹਿ—ਤੂੰ ਵਾਜਾਂ ਮਾਰੇਂਗੀ।3।

ਸਾਧੂ—ਗੁਰੂ। ਓਟ—ਆਸਰਾ। ਕੋਟਿ—ਕ੍ਰੋੜਾਂ। ਜੋਨਿ ਕਾਮੁ—ਜੂਨਾਂ ਨਾਲ ਵਾਸਤਾ।4।

ਅਰਥ:- ਹੇ ਮੇਰੀ ਕਮਲੀ ਕਾਇਆਂ ! ਤੂੰ ਕਿਉਂ ਮਾਣ ਕਰਦੀ ਹੈਂ ? ਤੂੰ ਤਾਂ ਉਸ ਖੁੰਬ ਨਾਲੋਂ ਭੀ ਛੇਤੀ ਨਾਸ ਹੋ ਜਾਣ ਵਾਲੀ ਹੈਂ ਜੋ ਭਾਦਰੋਂ ਵਿਚ (ਉੱਗਦੀ ਹੈ)।1। ਰਹਾਉ।

(ਹੇ ਕਾਇਆਂ!) ਤੂੰ ਆਪਣਾ ਠਾਠ ਵੇਖ ਕੇ ਆਕੜਦੀ ਹੈਂ , (ਇਸ ਆਕੜ ਵਿਚ) ਤੈਨੂੰ ਕੁਝ ਭੀ ਸੁਰਤ ਨਹੀਂ ਰਹੀ। (ਵੇਖ) ਅਹੰਕਾਰਨ ਦਾ ਕੋਈ ਥਾਂ ਨਹੀਂ (ਹੁੰਦਾ), ਤੇਰੇ ਮੰਦੇ ਦਿਨ ਆਏ ਹੋਏ ਹਨ (ਕਿ ਤੂੰ ਝੂਠਾ ਮਾਣ ਕਰ ਰਹੀ ਹੈਂ)।1।

(ਹੇ ਕਾਇਆਂ!) ਜਿਵੇਂ ਹਰਨ ਨੂੰ ਇਹ ਭੇਤ ਨਹੀਂ ਮਿਲਦਾ ਕਿ ਕਸਤੂਰੀ ਦੀ ਸੁਗੰਧੀ ਉਸ ਦੇ ਆਪਣੇ

ਸਰੀਰ ਵਿਚੋਂ (ਆਉਂਦੀ ਹੈ), ਪਰ ਉਹ ਪਰਦੇਸ ਢੂੰਢਦਾ ਫਿਰਦਾ ਹੈ (ਤਿਵੇਂ ਤੈਨੂੰ ਇਹ ਸਮਝ ਨਹੀਂ ਕਿ ਸੁਖਾਂ ਦਾ ਮੂਲ-ਪ੍ਰਭੂ ਤੇਰੇ ਆਪਣੇ ਅੰਦਰ ਹੈ)। ਜੋ ਜੀਵ ਆਪਣੇ ਸਰੀਰ ਦੀ ਵਿਚਾਰ ਕਰਦਾ ਹੈ (ਕਿ ਇਹ ਸਦਾ-ਥਿਰ ਰਹਿਣ ਵਾਲਾ ਨਹੀਂ), ਉਸ ਨੂੰ ਜਮਦੂਤ ਖ਼ੁਆਰ ਨਹੀਂ ਕਰਦਾ।2।

(ਹੇ ਕਾਇਆਂ!) ਤੂੰ ਪੁੱਤਰ ਤੇ ਵਹੁਟੀ ਦਾ ਮਾਣ ਕਰਦੀ ਹੈਂ (ਤੇ ਪ੍ਰਭੂ ਨੂੰ ਭੁਲਾ ਬੈਠੀ ਹੈਂ , ਚੇਤਾ ਰੱਖ) ਮਾਲਕ-ਪ੍ਰਭੂ (ਕੀਤੇ ਕਰਮਾਂ ਦਾ) ਲੇਖਾ ਮੰਗਦਾ ਹੈ (ਭਾਵ), ਜੀਵ ਆਪਣੇ ਕੀਤੇ ਮੰਦੇ ਕਰਮਾਂ ਕਰਕੇ ਦੁੱਖ ਸਹਾਰਦਾ ਹੈ। (ਹੇ ਕਾਇਆਂ! ਜਿੰਦ ਦੇ ਨਿਕਲ ਜਾਣ ਪਿੱਛੋਂ ) ਤੂੰ ਕਿਸ ਨੂੰ 'ਪਿਆਰਾ, ਪਿਆਰਾ' ਆਖ ਕੇ ਵਾਜਾਂ ਮਾਰੇਂਗੀ?।3।

(ਹੇ ਕਾਇਆਂ!) ਜੇ ਤੂੰ ਗੁਰੂ ਦਾ ਆਸਰਾ ਲਏਂ , ਤੇਰੇ ਕ੍ਰੋੜਾਂ ਕੀਤੇ ਪਾਪ ਸਾਰੇ ਦੇ ਸਾਰੇ ਨਾਸ ਹੋ ਜਾਣ। ਰਵਿਦਾਸ ਆਖਦਾ ਹੈ—ਜੋ ਮਨੁੱਖ ਨਾਮ ਜਪਦਾ ਹੈ, ਉਸ ਦੀ (ਨੀਵੀਂ) ਜਾਤ ਮੁੱਕ ਜਾਂਦੀ ਹੈ, ਉਸ ਦਾ ਜਨਮ ਮਿਟ ਜਾਂਦਾ ਹੈ, ਜੂਨਾਂ ਨਾਲ ਉਸ ਦਾ ਵਾਸਤਾ ਨਹੀਂ ਰਹਿੰਦਾ।4।1।

ਭਾਵ:- ਸਰੀਰ ਆਦਿਕ ਦਾ ਮਾਣ ਕੂੜਾ ਹੈ। ਇਥੇ ਸਦਾ ਨਹੀਂ ਬੈਠ ਰਹਿਣਾ।